ਜਿਲਾ ਲੋਕ ਸੰਪਰਕ ਅਫਸਰ, ਫਿਰੋਜਪੁਰ

ਜਿਲੇ ਵਿੱਚ ਕੁਲ 1779 ਲੋਕਾਂ ਦੀ ਕੋਰੋਨਾ ਰਿਪੋਰਟ ਆਈ ਨੈਗੇਟਿਵ, ਹੁਣ ਸਿਰਫ 83 ਸੈਂਪਲ ਪੇਂਡਿੰਗ: ਡਿਪਟੀ ਕਮਿਸ਼ਨਰ

ਕਿਹਾ, ਜਿਲੇ ਦੀ ਕੋਰੋਨਾ ਮੁਕਤ ਸਥਿਤਿ ਬਰਕਰਾਰ ਰਖਣ ਲਈ ਲੋਕਾਂ ਦਾ ਸਹਿਯੋਗ ਜਰੂਰੀ, ਪਿਛਲੇ 19 ਦਿਨਾਂ ਵਿੱਚ 1203 ਲੋਕਾਂ ਦੀ ਰਿਪੋਰਟ ਆਈ ਨੈਗੇਟਿਵ

ਫਿਰੋਜਪੁਰ, 24 ਮਈ -

ਜਿਲ੍ਹੇ ਲਈ ਇੱਕ ਰਾਹਤ ਭਰੀ ਖਬਰ ਸਾਹਮਣੇ ਆਈ ਹੈ, ਜਿਸਦੇ ਤਹਿਤ ਹੁਣ ਤੱਕ 1779 ਲੋਕਾਂ ਦੀ ਕੋਰੋਨਾ ਟੇਸਟ ਰਿਪੋਰਟ ਨੈਗੇਟਿਵ ਆ ਚੁੱਕੀ ਹੈ, ਜਿਸ ਵਿਚੋਂ 1203 ਲੋਕਾਂ ਦੀ ਰਿਪੋਰਟ ਪਿਛਲੇ 19 ਦਿਨਾਂ ਵਿੱਚ ਨੈਗੇਟਿਵ ਆਈ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫਿਰੋਜਪੁਰ ਸ਼੍ਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਹੁਣ ਤੱਕ ਕੁਲ 1943 ਲੋਕਾਂ ਦੇ ਸੈਂਪਲ ਲਏ ਜਾ ਚੁੱਕੇ ਹਨ, ਜਿਨ੍ਹਾਂ ਨੂੰ ਕੋਰੋਨਾ ਟੇਸਟ ਲਈ ਲੈਬੋਰੇਟਰੀ ਵਿੱਚ ਭੇਜਿਆ ਗਿਆ ਸੀ। ਇਸ ਵਿੱਚੋਂ ਕੁਲ 1779 ਲੋਕਾਂ ਦੀ ਰਿਪੋਰਟ ਨੈਗੇਟਿਵ ਆਈ ਹੈ, ਜਿਸ ਵਿਚੋਂ 1203 ਨੈਗੇਟਿਵ ਰਿਪੋਰਟਾਂ ਪਿਛਲੇ 19 ਦਿਨਾਂ ਵਿੱਚ ਸਾਹਮਣੇ ਆਈਆਂ ਹਨ। ਉਨ੍ਹਾਂ ਕਿਹਾ ਕਿ 5 ਮਈ 2020 ਨੂੰ ਜਿਲ੍ਹੇ ਵਿੱਚ 576 ਨੈਗੇਟਿਵ ਕੇਸ ਰਿਪੋਰਟ ਹੋਏ ਸਨ ਅਤੇ ਹੁਣ ਤੈਆਰ ਹੋਈ ਨਵੀਂ ਰਿਪੋਰਟ ਮੁਤਾਬਕ ਹੁਣ ਤੱਕ ਕੁਲ 1779 ਨੈਗੇਟਿਵ ਕੇਸ ਰਿਪੋਰਟ ਹੋ ਚੁਕੇ ਹਨ। ਉਨ੍ਹਾਂ ਕਿਹਾ ਕਿ ਹੁਣ ਲੈਬੋਰੇਟਰੀਜ ਦੇ ਕੋਲ ਸਿਰਫ 83 ਸੈਂਪਲਾਂ ਦੀ ਟੇਸਟ ਰਿਪੋਰਟ ਪੇਂਡਿੰਗ ਪਈ ਹੋਈ ਹੈ, ਜਿਨ੍ਹੂੰ ਛੇਤੀ ਹਾਸਿਲ ਕਰਣ ਲਈ ਲਗਾਤਾਰ ਲੈਬੋਰੇਟਰੀਜ ਦੇ ਨਾਲ ਸੰਪਰਕ ਸਾਧਿਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜਿਲ੍ਹੇ ਵਿੱਚ ਕੁਲ 43 ਕੋਰੋਨਾ ਪਾਜਿਟਿਵ ਮਰੀਜ ਰਿਪੋਰਟ ਹੋਏ ਸਨ, ਜਿਨਾਂ ਨੂੰ ਇਲਾਜ ਤੋਂ ਬਾਅਤ ਸਿਹਤਯਾਬ ਹੋਣ ਤੇ ਹਸਪਤਾਲ ਵਿੱਚੋਂ ਛੁੱਟੀ ਦੇ ਦਿਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਹੁਣ ਤੱਕ 38 ਸੈਂਪਲ ਰਿਪੀਟ ਕਿਤੇ ਗਏ ਹਨ, ਜਿਨਾਂ ਨੂੰ ਲੈਬੋਰੇਟਰੀ ਨੇ ਦੋਬਾਰਾ ਪੜਤਾਲ ਲਈ ਭੇਜਣ ਲਈ ਕਿਹਾ ਸੀ। ਉਨਾਂ ਨੇ ਜਿਲੇ ਦੀ ਕੋਰੋਨਾ ਮੁਕਤ ਜਿਲੇ ਵਾਲੀ ਸਥਿਤਿ ਨੂੰ ਬਹਾਲ ਰਖਣ ਲਈ ਲੋਕਾਂ ਦੇ ਸਹਿਯੋਗ ਦੀ ਮੰਗ ਕਿਤੀ। ਉਨਾਂ ਕਿਹਾ ਕਿ ਲੋਕ ਸੋਸ਼ਲ ਡਿਸਟੈਂਸਿੰਗ, ਮਾਸਕ ਪਾਉਣ ਅਤੇ ਬੇਵਜਹ ਘਰੋਂ ਬਾਹਰ ਨਾ ਨਿਕਲ ਕੇ ਆਪਣੇ ਆਪ ਨੂੰ ਤੇ ਪਰਿਵਾਰ ਨੂੰ ਇਸ ਬੀਮਾਰੀ ਤੋਂ ਦੂਰ ਰਖ ਸਕਦੇ ਹਨ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਿਰੋਜ਼ਪੁਰ

ਕਿਸਾਨ 31 ਮਈ ਤੱਕ ਮੰਡੀਆਂ ਵਿੱਚ ਕਣਕ ਦੀ ਫਸਲ ਲਿਆ ਸਕਦੇ ਹਨ: ਡਿਪਟੀ ਕਮਿਸ਼ਨਰ
ਹੁਣ ਤੱਕ ਜ਼ਿਲ੍ਹੇ ਵਿੱਚ 7.80 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ, 226 ਖਰੀਦ ਕੇਂਦਰਾਂ ਤੇ ਖਰੀਦ ਕੀਤੀ ਗਈ ਹੈ

ਫਿਰੋਜ਼ਪੁਰ, 24 ਮਈ

ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨੇ ਕਿਸਾਨਾਂ ਨੂੰ 31 ਮਈ, 2020 ਤੱਕ ਆਪਣੀਆਂ ਫਸਲਾਂ ਮੰਡੀਆਂ ਵਿਚ ਲਿਆਉਣ ਦੀ ਅਪੀਲ ਕੀਤੀ ਹੈ ਕਿਉਂਕਿ ਮੌਜੂਦਾ ਸੀਜ਼ਨ 31 ਮਈ ਨੂੰ ਖ਼ਤਮ ਹੋ ਰਿਹਾ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਚਨਬੱਧਤਾ ਤਹਿਤ ਕਿਸਾਨਾਂ ਦੀ ਫਸਲ ਦਾ ਇਕ ਇਕ ਦਾਣਾ ਖਰੀਦਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਵਾਰ ਕੋਰੋਨਾ ਵਾਇਰਸ ਬਿਮਾਰੀ ਦੇ ਬਾਵਜੂਦ ਵਿਸਤ੍ਰਿਤ ਪ੍ਰਬੰਧ ਕੀਤਾ ਗਿਆ ਹੈ ਤਾਂ ਜੋ ਕਿਸਾਨਾਂ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਆਏ। ਜ਼ਿਲ੍ਹੇ ਵਿੱਚ ਪਹਿਲੀ ਵਾਰ 226 ਖਰੀਦ ਕੇਂਦਰ ਸਥਾਪਤ ਕੀਤੇ ਗਏ। ਸਾਰੀ ਪ੍ਰਕਿਰਿਆ ਬਹੁਤ ਵਧੀਆ ਰਹੀ ਅਤੇ ਮੰਡੀਆਂ ਵਿਚ ਕਿਸਾਨਾਂ ਨੂੰ ਕੋਈ ਮੁਸ਼ਕਲ ਨਹੀਂ ਆਈ ਅਤੇ ਸਮਾਜਿਕ ਦੂਰੀ ਦੇ ਨਿਯਮਾਂ ਦੀ ਵੀ ਪਾਲਣਾ ਕੀਤੀ ਗਈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 7.80 ਲੱਖ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ, ਜਿਸ ਵਿੱਚੋਂ 7.63 ਲੱਖ ਮੀਟ੍ਰਿਕ ਟਨ ਕਣਕ ਮੰਡੀਆਂ ਵਿੱਚੋਂ ਚੁੱਕੀ ਜਾ ਚੁੱਕੀ ਹੈ। ਇਸੇ ਤਰ੍ਹਾਂ 1430.01 ਕਰੋੜ ਰੁਪਏ ਦੀ ਅਦਾਇਗੀ ਵੀ ਕਿਸਾਨਾਂ ਨੂੰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਕਰੀਬ 96 ਪ੍ਰਤੀਸ਼ਤ ਅਦਾਇਗੀ ਕੀਤੀ ਜਾ ਚੁੱਕੀ ਹੈ ਅਤੇ 98 ਪ੍ਰਤੀਸ਼ਤ ਲਿਫਟਿੰਗ ਮੁਕੰਮਲ ਹੋ ਗਈ ਹੈ। ਉਨ੍ਹਾਂ ਕਿਹਾ ਕਿ ਸਾਰੀ ਖਰੀਦ ਪ੍ਰਕਿਰਿਆ ਆਸਾਨ, ਪਾਰਦਰਸ਼ੀ ਅਤੇ ਬਿਨਾਂ ਕਿਸੇ ਸਮੱਸਿਆ ਦੇ ਕੀਤੀ ਗਈ ਅਤੇ ਕਿਸਾਨਾਂ ਨੇ ਵੀ ਇਸ ਪ੍ਰਣਾਲੀ ਪ੍ਰਤੀ ਆਪਣੀ ਤਸੱਲੀ ਪ੍ਰਗਟਾਈ। ਉਨ੍ਹਾਂ ਕਿਹਾ ਕਿ ਮੌਜੂਦਾ ਹਾੜੀ ਦਾ ਸੀਜ਼ਨ 31 ਮਈ 2020 ਨੂੰ ਖ਼ਤਮ ਹੋਣ ਜਾ ਰਿਹਾ ਹੈ, ਇਸ ਲਈ ਜੇਕਰ ਕਿਸੇ ਕਿਸਾਨ ਕੋਲ ਫਸਲ ਬਚੀ ਹੈ ਤਾਂ ਉਹ 31 ਮਈ ਤੋਂ ਪਹਿਲਾਂ ਇਸ ਨੂੰ ਮੰਡੀ ਵਿਚ ਲੈ ਆਵੇ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਦੀ ਫਸਲ ਖਰੀਦਣ, ਲਿਫਟਿੰਗ ਕਰਵਾਉਣ ਅਤੇ ਨਿਰਧਾਰਤ ਸਮੇਂ ਵਿੱਚ ਅਦਾਇਗੀ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ। ਕੋਰੋਨਾ ਵਾਇਰਸ ਮਹਾਂਮਾਰੀ ਦੇ ਬਾਵਜੂਦ ਕਿਸਾਨਾਂ ਨੂੰ ਵਧੀਆ ਸੀਜ਼ਨ ਪ੍ਰਦਾਨ ਕਰਨ ਲਈ ਬਹੁਤ ਸਾਰੇ ਯਤਨ ਕੀਤੇ ਗਏ ਹਨ।

ਹੋਰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੁਰਾਕ ਅਤੇ ਸਪਲਾਈਜ਼ ਕੰਟਰੋਲਰ ਸ੍ਰੀ ਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਪਹਿਲੀ ਵਾਰ 226 ਖਰੀਦ ਕੇਂਦਰ ਸਥਾਪਤ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਆਪਣੀਆਂ ਫਸਲਾਂ ਵੇਚਣ ਵਿੱਚ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਾ ਆਵੇ, ਨਾਲ ਹੀ ਮੰਡੀਆਂ ਵਿੱਚ ਭੀੜ ਇਕੱਠੀ ਨਾ ਹੋਵੇ ਇਸ ਲਈ ਸਮਾਜਿਕ ਦੂਰੀ, ਮਾਸਕ ਪਹਿਨਣ ਅਤੇ ਸਾਫ਼-ਸਫ਼ਾਈ ਵਰਗੀਆਂ ਸਾਵਧਾਨੀਆ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫ਼ਿਰੋਜ਼ਪੁਰ

ਮੁੱਖ ਮੰਤਰੀ ਦੀਆਂ ਹਦਾਇਤਾਂ 'ਤੇ ਫਿਰੋਜ਼ਪੁਰ ਦੇ 62 ਪ੍ਰਤੀਸ਼ਤ ਪਰਿਵਾਰਾਂ ਨੂੰ ਮੁਫਤ ਕਣਕ ਅਤੇ ਦਾਲਾਂ ਵੰਡੀਆਂ ਗਈਆਂ, 31 ਮਾਰਚ ਤੱਕ ਸਾਰੇ ਪਰਿਵਾਰ ਮੁਕੰਮਲ ਕੀਤੇ ਜਾਣਗੇ: ਡਿਪਟੀ ਕਮਿਸ਼ਨਰ

ਜ਼ਿਲ੍ਹੇ ਦੇ 1.45 ਲੱਖ ਸਮਾਰਟ ਕਾਰਡ ਧਾਰਕਾਂ ਦੇ ਪਰਿਵਾਰਾਂ ਨੂੰ ਕਣਕ ਅਤੇ ਦਾਲਾਂ ਦੀ ਕੀਤੀ ਜਾਵੇਗੀ ਵੰਡ, ਹੁਣ ਤੱਕ 90,000 ਲਾਭਪਾਤਰੀ ਲਾਭ ਪ੍ਰਾਪਤ ਕਰ ਚੁੱਕੇ ਹਨ

ਫਿਰੋਜ਼ਪੁਰ, 24 ਮਈ

ਕੋਰੋਨਾ ਵਾਇਰਸ ਕਾਰਨ ਪੈਦਾ ਹੋਏ ਸੰਕਟ ਦੇ ਮਦੇਨਜ਼ਰ ਲੋੜਵੰਦ ਅਤੇ ਗਰੀਬ ਪਰਿਵਾਰਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀਆਂ ਹਦਾਇਤਾਂ 'ਤੇ ਫਿਰੋਜ਼ਪੁਰ ਜ਼ਿਲ੍ਹੇ ਦੇ 62 ਪ੍ਰਤੀਸ਼ਤ ਪਰਿਵਾਰਾਂ ਨੂੰ ਤਿੰਨ ਮਹੀਨਿਆਂ ਲਈ ਮੁਫਤ ਕਣਕ ਅਤੇ ਦਾਲ ਵੰਡਣ ਦਾ ਲਾਭ ਦਿੱਤਾ ਗਿਆ ਹੈ। ਇਹ ਲਾਭ ਜ਼ਿਲ੍ਹੇ ਦੇ ਕੁੱਲ 1.45 ਲੱਖ ਸਮਾਰਟ ਕਾਰਡ ਧਾਰਕਾਂ ਨੂੰ ਦਿੱਤਾ ਜਾਵੇਗਾ, ਜਿਸ ਤਹਿਤ ਹਰ ਲਾਭਪਾਤਰੀ ਨੂੰ 5 ਕਿਲੋ ਕਣਕ ਅਤੇ 1 ਕਿਲੋ ਦਾਲ ਮੁਫਤ ਦਿੱਤੀ ਜਾਵੇਗੀ।

ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਸ੍ਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਅਤੇ ਖੁਰਾਕ ਤੇ ਸਪਲਾਈ ਮੰਤਰੀ ਸ੍ਰੀ ਭਾਰਤ ਭੂਸ਼ਣ ਆਸ਼ੂ ਦੇ ਦਿਸ਼ਾ ਨਿਰਦੇਸ਼ਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ 1,45,212 ਪਰਿਵਾਰਾਂ ਨੂੰ ਮੁਫਤ ਕਣਕ ਅਤੇ ਦਾਲ ਵੰਡਣ ਦੀ ਯੋਜਨਾ ਤੇਜ਼ੀ ਨਾਲ ਅੱਗੇ ਆ ਰਹੀ ਹੈ।

ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਜ਼ਿਲ੍ਹਾ ਫੂਡ ਐਂਡ ਸਪਲਾਈਜ਼ ਕੰਟਰੋਲਰ ਸ੍ਰੀ ਪਿੰਦਰ ਸਿੰਘ ਵੱਲੋਂ ਰਾਸ਼ਨ ਡਿਪੂਆਂ ਦੀ ਸਹਾਇਤਾ ਨਾਲ ਘਰ-ਘਰ ਜਾ ਕੇ ਕਣਕ ਅਤੇ ਦਾਲਾ ਪਹੁੰਚਾਉਣ ਦਾ ਕੰਮ ਚੱਲ ਰਿਹਾ ਹੈ, ਜਿਸ ਤਹਿਤ ਵਿਸਤ੍ਰਿਤ ਕਾਰਜ ਯੋਜਨਾ ਤਿਆਰ ਕੀਤੀ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਯੋਜਨਾ ਦੀ ਰੁਟੀਨ ਪੱਧਰ ‘ਤੇ ਸਮੀਖਿਆ ਕੀਤੀ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਹੁਣ ਤੱਕ 90 ਹਜ਼ਾਰ ਲਾਭਪਾਤਰੀਆਂ ਨੇ ਇਸ ਯੋਜਨਾ ਦਾ ਲਾਭ ਉਠਾਇਆ ਹੈ ਅਤੇ ਬਾਕੀ ਲਾਭਪਾਤਰੀਆਂ ਨੂੰ 31 ਮਈ 2020 ਤੱਕ ਇਸ ਯੋਜਨਾ ਦਾ ਲਾਭ ਮੁਹੱਈਆ ਕਰਵਾ ਦਿੱਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਕੋਰੋਨਾ ਵਾਇਰਸ ਬਿਮਾਰੀ ਦੇ ਮੱਦੇਨਜ਼ਰ 5 ਕਿਲੋ ਕਣਕ ਅਤੇ ਇੱਕ ਕਿਲੋ ਦਾਲ ਪ੍ਰਤੀ ਮਹੀਨਾ ਹਰੇਕ ਲਾਭਪਾਤਰੀ ਨੂੰ ਮੁਫਤ ਮੁਹੱਈਆ ਕਰਵਾਉਣ ਦਾ ਫੈਸਲਾ ਕੀਤਾ ਗਿਆ ਸੀ। ਸਾਰੇ ਰਾਸ਼ਨ ਡਿਪੂਆਂ ਦੀ ਤਰਫੋਂ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਇਹ ਰਾਹਤ ਘਰ-ਘਰ ਪਹੁੰਚਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਸੰਕਟ ਦੀ ਘੜੀ ਵਿੱਚ ਗਰੀਬ ਅਤੇ ਲੋੜਵੰਦ ਲੋਕਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ।